Dispatch No. I/30861/2020

ਦਫ਼ਤਰ ਜ਼ਿਲਾ ਲੋਕ ਸੰਪਰਕ ਅਫਸਰ, ਫਰੀਦਕੋਟ

ਖੂਹ ,ਬੋਰਵੈਲ/ਟਿਊਬਵੈੱਲ ਦੀ ਖੁਦਾਈ ਸਬੰਧੀ ਹਦਾਇਤਾਂ ਜਾਰੀ

ਫਰੀਦਕੋਟ, 4 ਜੂਨ 2020 (            ) ਵਧੀਕ ਜਿਲਾ ਮੈਜਿਸਟ੍ਰੇਟ ਫਰੀਦਕੋਟ ਸ: ਗੁਰਜੀਤ ਸਿੰਘ, ਪੀ.ਸੀ.ਐਸ., ਨੇ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਕਈ ਨਿਰਦੇਸ਼ ਜਾਰੀ ਕੀਤੇ ਹਨ। ਜਿਸ 'ਚ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਕੱਚੀਆਂ ਖੂਹੀਆਂ ਅਤੇ ਬੋਰਵੈਲ/ਟਿਊਬਵੈੱਲ ਪੁੱਟਣ ਕਾਰਨ ਲੋਕਾਂ ਅਤੇ ਬੱਚਿਆਂ ਦੇ ਇਨਾਂ 'ਚ ਡਿਗ ਜਾਣ ਨਾਲ ਹੁੰਦੇ ਜਾਨੀ ਤੇ ਮਾਲੀ ਨੁਕਸਾਨ ਤੋਂ ਬਚਣ ਲਈ ਅਤੇ ਆਮ ਲੋਕਾਂ ਦੀ ਸੁਰੱਖਿਆ ਨੂੰ ਮੁੱਖ ਰੱਖਦੇ ਹੋਏ ਮਾਣਯੋਗ ਸੁਪਰੀਮ ਕੋਰਟ ਦੇ ਹੁਕਮਾਂ ਤਹਿਤ ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕੀਤੀ ਹੈ। ਹੁਕਮਾਂ ਦੇ ਅਨੁਸਾਰ ਜ਼ਿਲਾ ਫਰੀਦਕੋਟ ਦੀ ਹੱਦ ਅੰਦਰ ਪੇਂਡੂ ਅਤੇ ਸ਼ਹਿਰੀ ਇਲਾਕਿਆਂ ਵਿੱਚ ਬੋਰਵੈਲ/ਟਿਊਬਵੈੱਲ ਦੀ ਖੁਦਾਈ/ਮੁਰੰਮਤ ਕਰਨ ਤੋਂ ਪਹਿਲਾਂ ਜ਼ਮੀਨ ਮਾਲਕ ਜ਼ਿਲਾ ਕੁਲੈਕਟਰ, ਸੰਬੰਧਿਤ ਸਰਪੰਚ ਗ੍ਰਾਮ ਪੰਚਾਇਤ, ਮਿਊਂਸੀਪਲ ਕਾਰਪੋਰੇਸ਼ਨ, ਨਗਰ ਕੌਂਸਲ, ਜਨ ਸਿਹਤ ਵਿਭਾਗ ਜਾਂ ਭੂਮੀ ਰੱਖਿਆ ਵਿਭਾਗ ਨੂੰ 15 ਦਿਨ ਪਹਿਲਾਂ ਸੂਚਿਤ ਕਰੇਗਾ ਅਤੇ ਖੂਹ/ਬੋਰਵੈਲ ਪੁੱਟਣ ਜਾਂ ਮੁਰੰਮਤ ਕਰਨ ਵਾਲੀਆਂ ਸਾਰੀਆਂ ਸਰਕਾਰੀ/ਅਰਧ ਸਰਕਾਰੀ/ਪ੍ਰਾਈਵੇਟ ਏਜੰਸੀਆਂ ਦੀ ਰਜਿਸਟ੍ਰੇਸ਼ਨ ਹੋਣਾ ਲਾਜ਼ਮੀ ਹੋਵੇਗਾ। ਇਹ ਹੁਕਮ 30 ਜੁਲਾਈ 2020 ਤੱਕ ਜਾਰੀ ਰਹਿਣਗੇ ਅਤੇ ਹੁਕਮਾਂ ਦੀ ਉਲੰਘਣਾ ਕਰਨ ਵਾਲੇ ਵਿਅਕਤੀ/ਡਰਿਲਿੰਗ ਏਜੰਸੀ ਦੇ ਮਾਲਕ ਖ਼ਿਲਾਫ਼ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਵਧੀਕ ਜ਼ਿਲਾ ਮੈਜਿਸਟਰੇਟ ਵੱਲੋਂ ਜਾਰੀ ਹੁਕਮਾਂ ਦੇ ਅਨੁਸਾਰ ਖੂਹ/ਬੋਰਵੈਲ ਦੇ ਪੁੱਟਣ ਜਾਂ ਮੁਰੰਮਤ ਵਾਲੀ ਥਾਂ 'ਤੇ ਡਰਿਲਿੰਗ ਏਜੰਸੀ ਅਤੇ ਖੂਹ/ਬੋਰਵੈਲ ਲਵਾਉਣ ਵਾਲੇ ਮਾਲਕ ਦੇ ਪੂਰੇ ਪਤੇ ਵਾਲਾ ਸਾਈਨ ਬੋਰਡ ਲਗਾਇਆ ਜਾਵੇ ਅਤੇ ਉਸ ਸਾਈਨ ਬੋਰਡ 'ਤੇ ਡਰਿਲਿੰਗ ਏਜੰਸੀ ਦਾ ਰਜਿਸਟ੍ਰੇਸ਼ਨ ਨੰਬਰ ਲਿਖਿਆ ਹੋਣਾ ਵੀ ਲਾਜ਼ਮੀ ਹੋਵੇਗਾ।

------

Dispatch No. I/30935/2020

ਦਫਤਰ ਜਿਲਾ ਲੋਕ ਸੰਪਰਕ ਅਫਸਰ, ਫਰੀਦਕੋਟ

ਵਧੀਕ ਜਿਲਾ ਮੈਜਿਸਟ੍ਰੇਟ ਵੱਲੋਂ ਧਾਰਾ 144 ਤਹਿਤ ਵੱਖ ਵੱਖ ਪਾਬੰਦੀਆਂ ਦੇ ਹੁਕਮ ਜਾਰੀ

ਆਦੇਸ਼ 30 ਜੁਲਾਈ 2020 ਤੱਕ ਲਾਗੂ ਰਹਿਣਗੇ- ਵਧੀਕ ਜਿਲਾ ਮੈਜਿਸਟ੍ਰੇਟ

ਫਰੀਦਕੋਟ 4 ਜੂਨ 2020 ( ) ਵਧੀਕ ਜਿਲਾ ਮੈਜਿਸਟ੍ਰੇਟ ਫਰੀਦਕੋਟ ਸ: ਗੁਰਜੀਤ ਸਿੰਘ ਪੀ.ਸੀ.ਐਸ., ਨੇ ਫੌਜਦਾਰੀ ਜ਼ਾਬਤਾ ਸੰਘਤਾ 1973 ਦੀ ਧਾਰਾ 144 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜਿਲਾ ਫਰੀਦਕੋਟ 'ਚ ਪਾਬੰਦੀਆਂ ਦੇ ਹੁਕਮ ਜਾਰੀ ਕੀਤੇ ਹਨ ।ਇਹ ਆਦੇਸ਼ 30 ਜੁਲਾਈ 2020 ਤੱਕ ਲਾਗੂ ਰਹਿਣਗੇ।

ਜਿਲੇ 'ਚ ਅਮਨ-ਕਾਨੂੰਨ ਦੀ ਸਥਿਤੀ ਬਣਾਏ ਰੱਖਣ ਦੇ ਮੱਦੇਨਜ਼ਰ ਪੰਜ ਜਾਂ ਪੰਜ ਤੋਂ ਵਧੇਰੇ ਵਿਅਕਤੀਆਂ ਦੇ ਇਕੱਠੇ ਹੋਣ ਤੇ ਪਾਬੰਦੀ

ਵਧੀਕ ਜਿਲਾ ਮੈਜਿਸਟ੍ਰੇਟ ਵੱਲੋਂ ਜਿਲੇ ਵਿੱਚ ਅਮਨ ਕਾਨੂੰਨ ਦੀ ਸਥਿਤੀ ਬਣਾਏ ਰੱਖਣ ਦੇ ਮੱਦੇ ਨਜ਼ਰ ਪੰਜ ਜਾਂ ਪੰਜ ਤੋਂ ਵਧੇਰੇ ਵਿਅਕਤੀਆਂ ਦੇ ਇਕੱਠੇ ਹੋਣ ਜਾਂ ਮੀਟਿੰਗ ਕਰਨ, ਨਾਹਰੇ ਲਾਉਣ, ਬਿਨਾਂ ਅਗੇਤਰੀ ਪ੍ਰਵਾਨਗੀ ਧਾਰਮਿਕ ਜਲੂਸ ਕੱਢਣ ਅਤੇ ਪ੍ਰਚਾਰ ਕਰਨ ਦੀ ਮਨਾਹੀ ਦੇ ਹੁਕਮ ਜਾਰੀ ਕੀਤੇ ਹਨ ।ਉਨਾਂ ਦੱਸਿਆ ਕਿ ਸਿਰਫ ਵਿਸ਼ੇਸ਼ ਹਾਲਤਾਂ ਜਾਂ ਮੌਕਿਆਂ ਤੇ ਪ੍ਰਬੰਧਕਾਂ ਵੱਲੋਂ ਲਿਖਤੀ ਬੇਨਤੀ ਕਰਨ ਤੇ ਸਬੰਧਤ ਉਪ ਮੰਡਲ ਮੈਜਿਸਟ੍ਰੇਟ ਪਾਸੋ ਲਿਖਤੀ ਪ੍ਰਵਾਨਗੀ ਲੈ ਕੇ ਪਬਲਿਕ ਮੀਟਿੰਗਾਂ ਕਰਨ ਅਤੇ ਧਾਰਮਿਕ ਜਲੂਸ ਬਗੈਰਾ ਪ੍ਰਵਾਨਗੀ ਦੀਆਂ ਸ਼ਰਤਾਂ ਅਨੁਸਾਰ ਹੀ ਕੱਢੇ ਜਾ ਸਕਦੇ ਹਨ ।ਇਹ ਹੁਕਮ ਸਰਕਾਰੀ ਡਿਊਟੀ ਕਰ ਰਹੇ ਪੁਲਿਸ, ਹੋਮ ਗਾਰਡਜ਼, ਸੈਨਿਕਾਂ/ ਅਰਧ ਸੈਨਿਕ ਬਲਾਂ ਅਤੇ ਵਿਆਹ ਸ਼ਾਦੀਆਂ ਤੇ ਸ਼ਾਂਤਮਈ ਢੰਗ ਨਾਲ ਕੀਤੇ ਜਾ ਰਹੇ ਜਲੂਸ ਤੇ ਲਾਗੂ ਨਹੀਂ ਹੋਵੇਗਾ ।

ਵਪਾਰਕ ਸਥਾਨਾਂ ਤੇ ਘਰੇਲੂ ਗੈਸ ਸਿਲੰਡਰਾਂ ਦੀ ਵਰਤੋਂ ਤੇ ਪਾਬੰਦੀ

ਇਸ ਦੇ ਨਾਲ ਹੀ ਵਧੀਕ ਜਿਲਾ ਮੈਜਿਸਟ੍ਰੇਟ ਫਰੀਦਕੋਟ ਨੇ ਕਿਸੇ ਵੀ ਰੈਸਟੋਰੈਂਟ, ਢਾਬੇ ਚਾਹ ਦੀਆਂ ਦੁਕਾਨਾਂ ਆਦਿ ਦੇ ਮਾਲਕਾਂ ਵੱਲੋਂ ਆਪਣੇ ਵਪਾਰਕ ਸਥਾਨ ਤੇ ਘਰੇਲੂ ਗੈਸ ਸਿਲੰਡਰਾਂ ਦੀ ਵਰਤੋਂ ਕਰਨ ਤੇ ਪਾਬੰਦੀ ਲਗਾਈ ਹੈ ।ਇਹ ਪਾਬੰਦੀ 30 ਜੁਲਾਈ 2020 ਤੱਕ ਲਾਗੂ ਰਹੇਗੀ।

ਤੀਹਰੀ ਸਵਾਰੀ, ਬਿਨਾ ਨੰਬਰ ਪਲੇਟਾਂ, ਘੱਟ ਉਮਰ ਦੇ ਵਿਅਕਤੀਆਂ ਨੂੰ ਵਹੀਕਲਾਂ ਦੀ ਵਰਤੋਂ ਤੇ ਪਾਬੰਦੀ

ਵਧੀਕ ਜਿਲਾ ਮੈਜਿਸਟ੍ਰੇਟ ਫਰੀਦਕੋਟ ਨੇ ਜਿਲਾ ਫਰੀਦਕੋਟ ਅੰਦਰ ਦੋ ਪਹੀਆਂ ਵਹੀਕਲਾਂ ਪਿਛੇ ਤੀਹਰੀ ਸਵਾਰੀ ( ਸਿਵਾਏ ਔਰਤਾਂ ਤੇ ਬੱਚੇ) ਬਿਠਾਉਣ, ਬਿਨਾਂ ਨੰਬਰ ਪਲੇਟਾਂ ਦੇ, 18 ਸਾਲ ਤੋਂ ਘੱਟ ਉਮਰ ਦੇ ਵਿਅਕਤੀਆਂ ਨੂੰ

ਵਹੀਕਲਾਂ ( ਮੋਟਰਸਾਈਕਲ ਅਤੇ ਸਕੂਟਰ) ਦੀ ਵਰਤੋਂ ਕਰਨ ਅਤੇ ਵੱਖ ਵੱਖ ਆਵਾਜ਼ਾਂ ਵਾਲੇ ਹਾਰਨ ਅਤੇ ਵਹੀਕਲਾਂ ਦੇ ਸੈਲੰਸਰ ਕੱਢਵਾ ਕੇ ਵੱਖਰੀ ਕਿਸਮ ਦੀਆਂ ਡਰਾਉਣੀਆਂ ਆਵਾਜ਼ਾਂ ਪੈਦਾ ਕਰਨ ਤੇ ਪੂਰਨ ਤੌਰ ਤੇ ਮਨਾਹੀ ਦੇ ਹੁਕਮ ਜਾਰੀ ਕੀਤੇ ਹਨ ।ਇਹ ਪਾਬੰਦੀ 30 ਜੁਲਾਈ 2020 ਤੱਕ ਜਾਰੀ ਰਹੇਗੀ ।

ਮੈਰਿਜ ਪੈਲਿਸਾਂ ਵਿੱਚ ਹਵਾਈ ਫਾਇਰ ਕਰਨ ਤੇ ਪਾਬੰਦੀ

ਸ: ਗੁਰਜੀਤ ਸਿੰਘ ਨੇ ਦੱਸਿਆ ਕਿ ਜਿਲਾ ਫਰੀਦਕੋਟ ਵਿੱਚ ਵਿਆਹ ਸ਼ਾਦੀਆਂ, ਸਮਾਜਿਕ/ ਧਾਰਮਿਕ ਸਮਾਰੋਹਾਂ, ਜਲਸੇ, ਮੈਰਿਜ ਪੈਲਿਸਾਂ ਆਦਿ ਵਿੱਚ ਆਮ ਜਨਤਾ ਵੱਲੋਂ ਹਵਾਈ ਫਾਇਰ ਕੀਤੇ ਜਾਂਦੇ ਹਨ ।ਜਿਸ ਕਰਕੇ ਜਾਨੀ ਤੇ ਮਾਲੀ ਨੁਕਸਾਨ ਹੋਣ ਦਾ ਵੀ ਡਰ ਰਹਿੰਦਾ ਹੈ ।ਇਸ ਲਈ ਜਿਲਾ ਫਰੀਦਕੋਟ ਦੀ ਹਦੂਦ ਅੰਦਰ ਵਿਆਹ ਸ਼ਾਦੀਆਂ, ਸਮਾਜਿਕ /ਧਾਰਮਿਕ ਸਮਾਰੋਹਾਂ, ਜਲਸੇ, ਮੈਰਿਜ ਪੈਲਿਸਾਂ ਆਦਿ ਵਿੱਚ ਹਵਾਈ ਫਾਇਰ ਕਰਨ ਤੇ ਪਾਬੰਦੀ ਲਗਾਈ ਗਈ ।ਇਹ ਪਾਬੰਦੀ 30 ਜੁਲਾਈ 2020 ਤੱਕ ਲਾਗੂ ਰਹੇਗੀ ।

ਚਾਇਨਾ ਡੋਰ ਵੇਚਣ ਤੇ ਪਾਬੰਦੀ

ਵਧੀਕ ਜਿਲਾ ਮੈਜਿਸਟ੍ਰੇਟ ਫਰੀਦਕੋਟ ਨੇ ਜਿਲਾ ਫਰੀਦਕੋਟ ਦੀ ਹਦੂਦ ਅੰਦਰ ਪਤੰਗਾਂ ਆਦਿ ਦੀ ਵਰਤੋਂ ਲਈ ਚਾਈਨਾ ਡੋਰ ਵੇਚਣ, ਸਟੋਰ ਕਰਨ ਅਤੇ ਵਰਤੋਂ ਕਰਨ ਤੇ ਪੂਰਨ ਤੌਰ ਤੇ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ ।ਉਨਾਂ ਨੇ ਦੱਸਿਆ ਕਿ ਪਤੰਗਾਂ ਉਡਾਉਣ ਲਈ ਚਾਈਨਾ ਡੋਰ ਦੀ ਵਰਤੋਂ ਕਾਫੀ ਮਾਤਰਾ ਵਿਚ ਕੀਤੀ ਜਾਂਦੀ ਹੈ ।ਚਾਈਨਾ ਡੋਰ ਸੂਤੀ ਧਾਗੇ ਤੋਂ ਹਟ ਕੇ ਪਲਾਸਟਿਕ ਦੀ ਬਣੀ ਹੁੰਦੀ ਹੈ ਜੋ ਕਾਫੀ ਮਜ਼ਬੂਤ ਹੁੰਦੀ ਹੈ ਜਿਸ ਦੇ ਨਾਲ ਪਤੰਗ ਉਡਾਉਣ ਵਾਲਿਆਂ ਦੇ ਹੱਥ ਤੇ ਉਂਗਲਾਂ ਕੱਟਣ, ਸਾਇਕਲ ਅਤੇ ਸਕੂਟਰ ਚਾਲਕਾਂ ਦੇ ਗਲ ਤੇ ਕੰਨ ਕੱਟਣ ਆਦਿ ਦੀਆਂ ਘਟਨਾਵਾਂ ਵਾਪਰ ਦੀਆਂ ਹਨ ਅਤੇ ਇਹ ਡੋਰ ਮਨੁੱਖੀ ਜਾਨਾਂ ਤੇ ਪਸ਼ੂ/ਪੰਛੀਆਂ ਲਈ ਘਾਤਕ ਸਿੱਧ ਹੁੰਦੀ ਹੈ ।ਇਸ ਸਭ ਦੇ ਮੱਦੇਨਜ਼ਰ ਵਧੀਕ ਜਿਲਾ ਮੈਜਿਸਟ੍ਰੇਟ ਨੇ ਚਾਈਨਾ ਡੋਰ ਵੇਚਣ, ਸਟੋਰ ਕਰਨ ਅਤੇ ਵਰਤੋਂ ਕਰਨ ਤੇ ਪੂਰਨ ਪਾਬੰਦੀ ਲਗਾਈ ਹੈ ।ਇਹ ਪਾਬੰਦੀ 30 ਜੁਲਾਈ 2020 ਤੱਕ ਜਾਰੀ ਰਹੇਗੀ।

ਹੁੱਕਾ ਬਾਰ ਪੀਣ ਤੇ ਪਾਬੰਦੀ

ਵਧੀਕ ਜਿਲਾ ਮੈਜਿਸਟ੍ਰੇਟ ਫਰੀਦਕੋਟ ਨੇ ਇਕ ਹੋਰ ਹੁਕਮ ਰਾਹੀਂ ਜਿਲਾ ਫਰੀਦਕੋਟ ਦੀ ਹਦੂਦ ਅੰਦਰ ਹੁੱਕਾ ਬਾਰਾਂ ਤੇ ਪਾਬੰਦੀ ਲਗਾਈ ਹੈ ।ਜਿਲੇ ਅੰਦਰ ਕਿਸੇ ਵੀ ਦੁਕਾਨ,ਹੋਟਲ, ਰੈਸਟੋਰੈਂਟ ਅਤੇ ਹੋਰ ਜਨਤਕ ਸਥਾਨਾਂ ਵਿੱਚ ਹੁੱਕਾ ਪੀਣ ਤੇ ਪੂਰਨ ਤੌਰ ਤੇ ਪਾਬੰਦੀ ਲਗਾਈ ਹੈ ।ਇਹ ਪਾਬੰਦੀ 30 ਜੁਲਾਈ 2020 ਤੱਕ ਜਾਰੀ ਰਹੇਗੀ।

ਮਿਲਟਰੀ ਰੰਗ ਦੀ ਵਰਦੀ ਅਤੇ ਵਹੀਕਲਾਂ ਦੀ ਖਰੀਦੋ-ਫਰੋਖਤ, ਹੋਰਡਿੰਗ ਲਗਾਉਣ ਤੇ ਪਾਬੰਦੀ

ਵਧੀਕ ਜਿਲਾ ਮੈਜਿਸਟ੍ਰੇਟ ਸ: ਗੁਰਜੀਤ ਸਿੰਘ ਨੇ ਦੱਸਿਆ ਕਿ ਜ਼ਿਲਾ ਫਰੀਦਕੋਟ ਦੀ ਸੀਮਾਵਾਂ ਅੰਦਰ ਆਮ ਲੋਕਾਂ ਦੇ ਮਿਲਟਰੀ ਰੰਗ ਦੀ ਵਰਦੀ ਅਤੇ ਵਹੀਕਲਾਂ ਦੀ ਖਰੀਦ, ਵੇਚ ਅਤੇ ਵਰਤੋਂ ਕਰਨ ਤੇ ਪੂਰਨ ਤੌਰ ਤੇ ਪਾਬੰਦੀ ਲਗਾਈ ਗਈ ਹੈ। ਇਸ ਤੋਂ ਇਲਾਵਾ ਜ਼ਿਲੇ ਅੰਦਰ ਪੈਂਦੀਆਂ ਮਿਊਂਸਪਲ ਕਮੇਟੀਆਂ ਦੀ ਹਦੂਦ ਅੰਦਰ ਸਰਕਾਰੀ ਰਸਤਿਆਂ, ਚੌਂਕਾਂ 'ਚ ਹੋਰਡਿੰਗ ਲਗਾਉਣ ਤੇ ਪਾਬੰਦੀ ਰਹੇਗੀ। ਇਹ ਆਦੇਸ਼ 30 ਜੁਲਾਈ 2020 ਤੱਕ ਲਾਗੂ ਰਹਿਣਗੇ।

ਧਾਰਮਿਕ ਜਾਂ ਖੁਸ਼ੀ ਆਦਿ ਦੇ ਸਮਾਗਮਾਂ ਸਮੇਂ ਗਲੀ,ਮੁਹੱਲਿਆ ਵਿੱਚ ਸ਼ਾਮੇਆਣਾ ਲਗਾ ਕੇ ਪ੍ਰੋਗਰਾਮ ਕਰਨ ਤੇ ਪਾਬੰਦੀ

ਇਕ ਹੋਰ ਹੁਕਮ ਰਾਹੀਂ ਜਿਲਾ ਫਰੀਦਕੋਟ ਦੀ ਸੀਮਾਵਾਂ ਅੰਦਰ ਲਾਊਡ ਸਪੀਕਰ ਲਾਉਣ ਤੇ ਪਾਬੰਦੀ ਲਗਾਈ ਹੈ । ਇਸ ਦੇ ਨਾਲ ਹੀ ਜਿਲਾ ਫਰੀਦਕੋਟ ਦੇ ਸ਼ਹਿਰੀ ਇਲਾਕਿਆਂ ਵਿੱਚ ਸਬੰਧਤ ਉਪ ਮੰਡਲ ਮੈਜਿਸਟ੍ਰੇਟ ਦੀ ਪ੍ਰਵਾਨਗੀ ਲਏ ਬਿਨਾਂ ਗਲੀ,ਮੁਹੱਲਿਆ, ਧਾਰਮਿਕ ਜਾਂ ਖੁਸ਼ੀ ਆਦਿ ਦੇ ਸਮਾਗਮਾਂ ਸਮੇਂ ਪਬਲਿਕ ਸਥਾਨਾਂ ਤੇ ਸ਼ਾਮੇਆਣਾ ਲਗਾ ਕੇ ਕੋਈ ਵੀ ਧਾਰਮਿਕ ਪ੍ਰੋਗਰਾਮ, ਜਲਸੇ, ਰੈਲੀਆਂ ਆਦਿ ਨਹੀਂ ਕਰੇਗਾ ।

Dispatch No I/31035/2020

ਦਫ਼ਤਰ ਜ਼ਿਲ•ਾ ਲੋਕ ਸੰਪਰਕ ਅਫ਼ਸਰ, ਫ਼ਰੀਦਕੋਟ

ਮੁੱਖ ਮੰਤਰੀ ਵੱਲੋਂ ਕੋਵਿਡ ਖ਼ਿਲਾਫ਼ ਸ਼ੁਰੂ ਕੀਤੇ 'ਮਿਸ਼ਨ ਫਤਹਿ' ਨੂੰ ਜ਼ਮੀਨੀ ਪੱਧਰ ਉਤੇ ਲੈ ਜਾਣ ਲਈ ਲੋਕ ਸਹਿਯੋਗ ਦੇਣ- ਵਿਧਾਇਕ ਕੁਸ਼ਲਦੀਪ ਢਿੱਲੋਂ

"ਮਿਸ਼ਨ ਫ਼ਤਿਹ" ਮੁਹਿੰਮ ਦੌਰਾਨ ਵੱਖ ਵੱਖ ਗਤੀਵਿਧੀਆਂ ਰਾਹੀਂ ਲੋਕਾਂ ਨੂੰ ਕਰੋਨਾ ਪ੍ਰਤੀ ਜਾਗਰੂਕ ਕੀਤਾ ਜਾਵੇਗਾ

ਫ਼ਰੀਦਕੋਟ 4 ਜੂਨ

ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਕੋਵਿਡ-19 ਖ਼ਿਲਾਫ਼ ਜੰਗ ਨੂੰ ਸੂਬੇ ਭਰ ਵਿੱਚ ਜ਼ਮੀਨੀ ਪੱਧਰ ਤੱਕ ਲੈ ਜਾਣ ਲਈ "ਮਿਸ਼ਨ ਫਤਹਿ" ਦੀ ਸ਼ੁਰੂਆਤ ਕੀਤੀ ਗਈ ਹੈ। ਇਹ ਪ੍ਰਗਟਾਵਾ ਕਰਦਿਆਂ ਵਿਧਾਇਕ ਫ਼ਰੀਦਕੋਟ ਸ. ਕੁਸ਼ਲਦੀਪ ਸਿੰਘ ਢਿੱਲੋਂ ਵੱਲੋਂ ਜ਼ਿਲ•ਾ ਵਾਸੀਆਂ ਤੋਂ ਸਹਿਯੋਗ ਦੀ ਮੰਗ ਕੀਤੀ ਗਈ ਤਾਂ ਕਿ ਇਸ ਮਹਾਮਾਰੀ ਬਾਰੇ ਲੋਕਾਂ ਵਿੱਚ ਵਿਆਪਕ ਪੱਧਰ ਉਤੇ ਜਾਗਰੂਕਤਾ ਫੈਲਾਈ ਜਾ ਸਕੇ ਅਤੇ ਇਸ ਦੇ ਫੈਲਾਅ ਨੂੰ ਅੱਗੇ ਵਧਣ ਤੋਂ ਰੋਕਿਆ ਜਾ ਸਕੇ। ਉਨ•ਾਂ ਕਿਹਾ ਕਿ ਇਹ ਜਾਗਰੂਕਤਾ ਮੁਹਿੰਮ 30 ਜੂਨ ਤੱਕ ਚੱਲੇਗੀ।

ਉਨ•ਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਵੱਲੋਂ ਵਿੱਢੀ ਗਈ ਮੁਹਿੰਮ 'ਮਿਸ਼ਨ ਫਤਹਿ' ਨੂੰ ਕੋਵਿਡ ਖ਼ਿਲਾਫ਼ ਜੰਗ ਦੇ ਮੋਹਰੀ ਜੰਗਜੂਆਂ ਤੋਂ ਅੱਗੇ ਲੈ ਕੇ ਜਾਏਗੀ ਅਤੇ ਪੰਜਾਬ ਦੇ ਲੋਕਾਂ ਨੂੰ ਆਪਣੇ ਕਲਾਵੇ ਵਿੱਚ ਲੈਂਦਿਆਂ ਇਸ ਲੜਾਈ ਨੂੰ ਲੋਕਾਂ ਦੀ, ਲੋਕਾਂ ਵੱਲੋਂ ਅਤੇ ਲੋਕਾਂ ਲਈ ਲੜਾਈ ਬਣਾਏਗੀ।
'ਮਿਸ਼ਨ ਫਤਹਿ' ਨੂੰ ਅਨੁਸ਼ਾਸਨ, ਸਹਿਯੋਗ ਤੇ ਹਮਦਰਦੀ ਰਾਹੀਂ ਨੋਵਲ ਕੋਰੋਨਾ ਵਾਇਰਸ ਦੇ ਫੈਲਾਅ ਨੂੰ ਰੋਕਣ

ਲਈ ਪੰਜਾਬ ਦੇ ਲੋਕਾਂ ਦੀ ਪ੍ਰਤੀਬੱਧਤਾ ਦਾ ਪ੍ਰਤੀਕ ਦੱਸਦਿਆਂ ਉਨਾਂ ਸਾਰੇ ਸੁਰੱਖਿਆ ਪ੍ਰੋਟੋਕੋਲ ਦੀ ਪਾਲਣਾ ਉਤੇ ਜ਼ੋਰ ਦਿੱਤਾ। ਉਨਾਂ ਕਿਹਾ ਕਿ ਲੌਕਡਾਊਨ ਰੋਕਾਂ ਦੀ ਪਾਲਣਾ ਰਾਹੀਂ ਲੋਕ ਜ਼ਿਲ•ਾ ਪ੍ਰਸ਼ਾਸ਼ਨ, ਪੰਜਾਬ ਸਰਕਾਰ ਨੂੰ ਸਹਿਯੋਗ ਦੇਣ ਅਤੇ ਗਰੀਬਾਂ ਪ੍ਰਤੀ ਹਮਦਰਦੀ ਦਿਖਾਉਣ ।

ਉਨ•ਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਸ ਮੁਹਿੰਮ ਦੇ ਹਿੱਸੇ ਵਜੋਂ ਲੜੀਵਾਰ ਗਤੀਵਿਧੀਆਂ ਵਿੱਢੀਆਂ ਗਈਆਂ ਹਨ ਜੋ ਵੱਖ-ਵੱਖ ਐਨ.ਜੀ.ਓਜ਼, ਦਾਨੀ ਸੰਸਥਾਵਾਂ ਅਤੇ ਸਮਾਜਿਕ ਸੰਗਠਨਾਂ ਦੇ ਸਹਿਯੋਗ ਨਾਲ ਚਲਾਈਆਂ ਜਾਣਗੀਆਂ ਜਿਨਾਂ ਨੂੰ ਆਪਣੇ ਇਲਾਕਿਆਂ ਵਿਚ ਇਸੇ ਤਰਾਂ ਦੀਆਂ ਮੁਹਿੰਮਾਂ ਚਲਾਉਣ ਲਈ ਉਤਸ਼ਾਹਤ ਕੀਤਾ ਜਾਵੇਗਾ।

ਵਿਧਾਇਕ ਸ. ਢਿੱਲੋਂ ਨੇ ਕਿਹਾ ਕਿ ਮੁਹਿੰਮ ਨੂੰ ਪ੍ਰਭਾਵਸ਼ਾਲੀ ਅਤੇ ਨਤੀਜਾ ਮੁਖੀ ਢੰਗ ਨਾਲ ਲਾਗੂ ਕਰਨ ਲਈ ਲੋਕ ਮਾਸਕ ਪਾਉਣ, ਹੱਥ ਧੋਣ, ਸਮਾਜਕ ਦੂਰੀ ਬਣਾ ਕੇ ਰੱਖਣ, ਬਜ਼ੁਰਗਾਂ ਦੀ ਦੇਖਭਾਲ, ਇਲਾਕੇ ਵਿਚ ਬਾਹਰੀ ਲੋਕਾਂ ਦੇ ਦਾਖ਼ਲੇ ਪ੍ਰਤੀ ਜਾਗਰੂਕ ਰਹਿਣ, ਵਾਇਰਸ ਦੀ ਲਾਗ ਤੋਂ ਪ੍ਰਭਾਵਿਤ ਮਰੀਜ਼ਾਂ ਦਾ ਪਤਾ ਲਗਾਉਣ ਅਤੇ ਉਨਾਂ ਤੋਂ ਸੁਰੱਖਿਅਤ ਦੂਰੀ ਬਣਾ ਕੇ ਰੱਖਣ ਲਈ ਕੋਵਾ ਐਪ ਦੀ ਵਰਤੋਂ ਬਾਰੇ ਜਾਗਰੂਕਤਾ ਫੈਲਾਉਣ ਦੇ ਉਦੇਸ਼ ਨਾਲ ਗਤੀਵਿਧੀਆਂ ਦਾ ਇਕ ਵਿਆਪਕ ਰੋਡ-ਮੈਪ ਤਿਆਰ ਕੀਤਾ ਹੈ।

Dispatch No

I/31234/2020

---

ਦਫ਼ਤਰ ਜ਼ਿਲ•ਾ ਲੋਕ ਸੰਪਰਕ ਅਫ਼ਸਰ, ਫ਼ਰੀਦਕੋਟ

ਡਾ: ਕੋਸਤੁਭ  ਸ਼ਰਮਾਂ ਨੇ ਆਈ.ਜੀ.ਪੁਲਿਸ ਰੇਂਜ ਦਾ ਅਹੁਦਾ ਸੰਭਾਲਿਆ

ਪੁਲਿਸ ਵੱਲੋਂ "ਮਿਸ਼ਨ ਫ਼ਤਿਹ" ਤਹਿਤ ਲੋਕਾਂ ਨੂੰ ਵੱਧ ਤੋਂ ਵੱਧ ਜਾਗਰੂਕ ਕੀਤਾ ਜਾਵੇਗਾ-ਕੋਸਤੁਭ ਸ਼ਰਮਾਂ

ਡਵੀਜਨ ਵਿੱਚ ਅਮਨ ਕਾਨੂੰਨ ਦੀ ਸਥਿਤੀ ਬਰਕਰਾਰ ਰੱਖਣ ਦੀ ਹੋਵੇਗੀ ਪ੍ਰਾਥਮਿਕਤਾ

ਫ਼ਰੀਦਕੋਟ, 4 ਜੂਨ (                ) ਸੀਨੀਅਰ ਆਈ.ਪੀ.ਐਸ ਅਫ਼ਸਰ ਡਾ. ਕੋਸਤੁਭ ਸ਼ਰਮਾਂ ਵੱਲੋਂ ਅੱਜ ਬਤੌਰ ਆਈ.ਜੀ ਪੁਲਿਸ ਰੇਂਜ ਫ਼ਰੀਦਕੋਟ ਅਹੁਦੇ ਦਾ ਚਾਰਜ ਸੰਭਾਲ ਲਿਆ। ਇਸ ਮੌਕੇ ਉਨ•ਾਂ ਨੂੰ ਪੰਜਾਬ ਪੁਲਿਸ ਦੀ ਟੁਕੜੀ ਵੱਲੋ ਗਾਰਡ ਆਫ਼ ਔਨਰ ਪੇਸ਼ ਕੀਤਾ ਗਿਆ।   ਇਸ ਮੌਕੇ ਡਾ. ਕੋਸਤੁਭ ਸ਼ਰਮਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਉਨ•ਾਂ ਨੂੰ ਫ਼ਰੀਦਕੋਟ ਪੁਲਿਸ ਰੇਂਜ ਦਾ ਆਈ. ਜੀ ਲਗਾਇਆ ਗਿਆ ਹੈ ਅਤੇ ਉਹ ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਨਿਭਾਉਣਗੇ ਅਤੇ ਅਮਨ ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣ ਲਈ ਸਿਵਲ ਪ੍ਰਸਾਸ਼ਨ ਅਤੇ ਆਮ ਲੋਕਾਂ ਤੋਂ ਸਹਿਯੋਗ ਲੈਣਗੇ। ਉਨ•ਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਰੰਭੇ ਗਏ "ਮਿਸ਼ਨ ਫ਼ਤਿਹ" ਤਹਿਤ  ਕਰੋਨਾ ਮਹਾਂਮਾਰੀ ਦੇ ਫੈਲਾਅ ਨੂੰ ਰੋਕਣ ਲਈ ਜਾਗਰੂਕਤਾ ਮੁਹਿੰਮ ਤਹਿਤ ਵੱਖ ਵੱਖ ਸਰਗਰਮੀਆਂ ਰਾਹੀਂ ਲੋਕਾਂ ਨੂੰ ਘਰ ਵਿਚ ਰਹਿਣ, ਮਾਸਕ ਪਹਿਣਨ, ਸਮੇਂ ਸਮੇਂ ਤੇ ਹੱਥ ਧੋਣ ਅਤੇ ਸਰਕਾਰ ਵੱਲੋਂ ਦੱਸੀਆਂ ਗਈਆਂ ਹਦਾਇਤਾਂ ਦੀ ਪਾਲਣਾ ਕਰਨ ਲਈ ਪ੍ਰੇਰਿਆ ਜਾਵੇਗਾ। ਡਾ. ਕੋਸਤਭ ਸ਼ਰਮਾਂ ਨੇ ਕਿਹਾ ਕਿ ਉਨ•ਾਂ ਨੂੰ ਬਾਬਾ ਫ਼ਰੀਦ ਜੀ ਦੀ ਪਵਿੱਤਰ ਧਰਤੀ ਤੇ ਸੇਵਾ ਕਰਨ ਦਾ ਮੌਕਾ ਮਿਲਿਆ ਹੈ ਅਤੇ ਖੁਸ਼ੀ ਹੈ ਕਿ ਸਰਕਾਰ ਵੱਲੋਂ ਉਨ•ਾਂ ਨੂੰ ਫ਼ਰੀਦਕੋਟ ਰੇਂਜ ਦਾ ਆਈ.ਜੀ ਲਗਾਇਆ ਗਿਆ ਹੈ। ਉਨ•ਾਂ ਦੱਸਿਆ ਕਿ ਉਹ ਐਸ.ਟੀ.ਐਫ਼ ਤੋਂ ਆਏ ਹਨ ਅਤੇ ਉਨ•ਾਂ ਦੀ ਪ੍ਰਾਥਮਿਕਤਾ ਨਸ਼ਿਆਂ ਤੇ ਕੰਟਰੋਲ ਕਰਨ ਦੀ  ਵੀ ਹੋਵੇਗੀ। ਇਸ ਤੋਂ ਪਹਿਲਾਂ ਜ਼ਿਲ•ਾ ਪੁਲਿਸ ਪ੍ਰਸਾਸ਼ਨ ਦੇ ਅਧਿਕਾਰੀਆਂ ਵੱਲੋਂ ਉਨ•ਾਂ ਨੂੰ ਜੀ ਆਇਆ ਕਿਹਾ ਅਤੇ ਸ਼ੁਭ ਇੱਛਾਵਾਂ ਪੇਸ਼ ਕੀਤੀਆਂ।

ਇਸ ਮੌਕੇ ਐਸ.ਪੀ. ੇਸ. ਭੁਪਿੰਦਰ ਸਿੰਘ, ਸ.ਸੇਵਾ ਸਿੰਘ ਮੱਲੀ, ਮੈਡਮ ਗੁਰਮੀਤ ਕੌਰ ਡੀ.ਐਸ.ਪੀ ਡਾ. ਮਹਿਤਾਬ ਸਿੰਘ ਆਈ.ਪੀ.ਐਸ ਜੈਤੋ, ਡੀ.ਐਸ.ਪੀ ਬਲਕਾਰ ਸਿੰਘ ਕੋਟਕਪੂਰਾ, ਡੀ.ਐਸ.ਪੀ. ਜਸਬੀਰ ਸਿੰਘ, ਡੀ.ਐਸ.ਪੀ ਗੁਰਪ੍ਰੀਤ ਸਿੰਘ ਫ਼ਰੀਦਕੋਟ ਆਦਿ ਹਾਜ਼ਰ ਸਨ।

Dispatch No I/31074/2020

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਮਿਸ਼ਨ ਫਤਹਿ

ਕਰੋਨਾ ਖਿਲਾਫ ਜੰਗ ਵਿਚ ਯੋਗਦਾਨ ਪਾਉਣ ਵਾਲੇ ਲੇਖਕ ਨਿੰਦਰ ਘੁਗਿਆਣਵੀ ਨੂੰ ਪ੍ਰਮਾਣ ਪੱਤਰ ਦੇ ਕੇ ਸਨਮਾਨਿਆ

ਜ਼ਿਲ੍ਹਾ ਪੁਲਿਸ ਮੁਖੀ ਮਨਜੀਤ ਸਿੰਘ ਢੇਸੀ ਨੇ ਕੀਤਾ ਸਨਮਾਨਿਤ

ਫਰੀਦਕੋਟ 4 ਜੂਨ,2020 ( ) ਇਸ ਜਿਲੇ ਦੇ ਜੰਮਪਲ ਅਤੇ ਪ੍ਰਸਿਧ ਲੇਖਕ ਤੇ ਪੰਜਾਬ ਆਰਟ ਕੌਂਸਲ ਚੰਡੀਗੜ੍ਹ ਵਿਖੇ ਬਤੌਰ ਮੀਡੀਆ ਅਧਿਕਾਰੀ ਸੇਵਾਵਾਂ ਨਿਭਾ ਰਹੇ ਸ਼੍ਰੀ ਨਿੰਦਰ ਘੁਗਿਆਣਵੀ ਦਾ ਮਿਸ਼ਨ ਫਤਹਿ ਤਹਿਤ ਕਰੋਨਾ ਖਿਲਾਫ ਜੰਗ ਵਿਚ ਮਹੱਤਵਪੂਰਨ ਯੋਗਦਾਨ ਪਾਉਣ ਲਈ ਜਿਲਾ ਪੁਲਿਸ ਮੁਖੀ ਸ ਮਨਜੀਤ ਸਿੰਘ ਢੇਸੀ ਨੇ ਜਿਲਾ ਪੁਲਿਸ ਫਰੀਦਕੋਟ ਵਲੋਂ ਪ੍ਰਮਾਣ ਪੱਤਰ ਭੇਟ ਕਰ ਕੇ ਸਨਮਾਨ ਕੀਤਾ। ਸ ਢੇਸੀ ਨੇ ਆਖਿਆ ਕਿ ਨਿੰਦਰ ਘੁਗਿਆਣਵੀ ਨੇ ਨੇ ਕੋਵਿਡ19 ਦੇ ਸੰਕਟ ਸਮੇਂ ਜਿਲਾ ਪੁਲਿਸ ਫਰੀਦਕੋਟ ਅਤੇ ਸਿਵਲ ਪ੍ਰਸ਼ਾਸਨ ਦਾ ਪੂਰਾ ਪੂਰਾ ਸਾਥ ਦਿੱਤਾ ਤੇ ਦੇ ਰਹੇ ਹਨ।

ਉਨ੍ਹਾਂ ਕਾ ਕਿ ਸ੍ਰੀ ਨਿੰਦਰ ਘੁਗਿਆਣਵੀ ਨੇ ਪੰਜਾਬ ਸਰਕਾਰ ਦਾ ਪੰਜਾਬ ਆਰਟਸ ਕੌਂਸਲ ਚੰਡੀਗੜ੍ਹ ਵਲੋਂ ਸਾਹਿਤਕ ਕਿਤਾਬਾਂ ਲਿਆ ਕੇ ਇਕਾਂਤਵਾਸ ਕੇਂਦਰਾਂ ਵਿਚ ਲੋਕਾਂ ਨੂੰ ਮੁੱਫਤ ਮੁਹੱਈਆ ਕਰਵਾਈਆਂ। ਇਸ ਤੋਂ ਇਲਾਵਾ ਜਰੂਰੀ ਮੀਟਿੰਗਾਂ ਆਦਿ ਵਿਚ ਵੀ ਸ਼ਾਮਲ ਹੋ ਕੇ ਤੇ ਆਪਣੇ ਵਿਚਾਰ ਦੇ ਕੇ ਆਪ ਨੇ ਆਪਣੀ ਅਹਿਮ ਭੂਮਿਕਾ ਨਿਭਾਈ ਹੈ।ਉਨਾ ਕਿਹਾ ਕਿ ਮੈਂ ਇਨਾਂ ਦੇ ਕਾਰਜਾਂ ਦੀ ਸ਼ਲਾਘਾ ਕਰਦਾ ਹੋਇਆ ਮਾਣ ਮਹਿਸੂਸ ਕਰ ਰਿਹਾਂ ਹਾਂ।

ਵਰਨਣਯੋਗ ਹੈ ਕਿ ਲਗਪਗ 50 ਕਿਤਾਬਾਂ ਲਿਖਕੇ ਦੁਨੀਆਂ ਭਰ ਵਿਚ ਨਾਮਣਾ ਖੱਟਣ ਵਾਲੇ ਘੁਗਿਆਣਵੀ ਫਰੀਦਕੋਟ ਦੇ ਪਿੰਡ ਘੁਗਿਆਣਾ ਦੇ ਜੰਮਪਲ ਹਨ ਤੇ ਉਨ੍ਹਾਂ ਦੀਆਂ ਕਈ ਕਿਤਾਬਾਂ ਉਤੇ 12 ਯੂਨੀਵਰਸਿਟੀਆਂ ਦੇ ਵਿਦਿਆਰਥੀਆਂ ਨੇ ਐਮ ਫਿਲ ਤੇ ਪੀ ਐਚ ਡੀ ਦੀ ਖੋਜ ਕੀਤੀ ਹੈ ਤੇ ਇਨਾ ਦੀਆਂ ਕਈ ਕਿਤਾਬਾਂ ਵੱਖ ਵੱਖ ਭਾਰਤੀ ਭਾਸ਼ਾਵਾਂ ਵਿਚ ਛਪੀਆਂ ਹਨ।

Dispatch No

I/31209/2020

ਦਫਤਰ ਜ਼ਿਲ•ਾ ਲੋਕ ਸੰਪਰਕ ਅਫਸਰ, ਫਰੀਦਕੋਟ

ਪਾਜ਼ੀਟਿਵ ਕੇਸਾਂ ਦੇ ਸੰਪਰਕ 'ਚ ਆਏ ਕਰੀਬ 150 ਵਿਅਕਤੀਆਂ ਦੇ ਇਕੱਤਰ ਕੀਤੇ ਕੋਰੋਨਾ ਸੈਂਪਲ

ਸ਼ੱਕ ਦੂਰ ਕਰਨ ਲਈ ਨੇੜੇ ਦੇ ਫਲੂ ਕਾਰਨਰ ਤੇ ਕਰਵਾ ਸਕਦੇ ਹੋ ਟੈਸਟ: ਸਿਵਲ ਸਰਜਨ

ਫਰੀਦਕੋਟ 4 ਜੂਨ,2020 (      ) ਸਿਵਲ ਸਰਜਨ ਡਾ.ਰਜਿੰਦਰ ਕੁਮਾਰ ਨੇ ਦੱਸਿਆ ਕਿ ਕੋਵਿਡ-19 ਦੀਆਂ ਹੁਣ ਤੱਕ 5188 ਸੈਂਪਲ ਲੈਬ ਵਿੱਚ ਭੇਜੇ ਜਾ ਚੁੱਕੇ ਹਨ। ਜਿੰਨਾਂ ਵਿੱਚੋਂ 322 ਸੈਂਪਲਾਂ ਦੇ ਨਤੀਜੇ ਆਉਣੇ ਬਾਕੀ ਹਨ। ਉਨ•ਾਂ ਦੱਸਿਆ ਕਿ ਅੱਜ ਤੱਕ ਪ੍ਰਾਪਤ ਨਤੀਜਿਆਂ ਵਿੱਚ 4713 ਰਿਪੋਰਟਾਂ ਨੈਗੇਟਿਵ ਆਈਆਂ ਹਨ। ਹੁਣ ਫਰੀਦਕੋਟ ਜ਼ਿਲੇ ਦੇ ਐਕਟਿਵ ਕੇਸ 4 ਹੋ ਗਏ ਹਨ ਜੋ ਸਥਾਨਕ ਗੁਰੂ ਗੋਬਿੰਦ ਸਿੰਘ ਮੈਡੀਕਲ ਹਸਪਤਾਲ ਵਿਖੇ ਆਈਸੋਲੇਸ਼ਨ ਵਾਰਡ ਵਿੱਚ ਦਾਖਲ ਹਨ।

ਸਿਵਲ ਸਰਜਨ ਡਾ ਰਜਿੰਦਰ ਕੁਮਾਰ ਨੇ ਹੋਰ ਦੱਸਿਆ ਕਿ ਵਿਭਾਗ ਵੱਲੋਂ ਜ਼ਿਲੇ ਦੀਆਂ ਵੱਖ-ਵੱਖ ਸਿਹਤ ਸੰਸਥਾਵਾ ਕੋਟਕਪੂਰਾ,ਜੈਤੋ,ਬਾਜਾਖਾਨਾ,ਸਾਦਿਕ ਅਤੇ ਫਰੀਦਕੋਟ ਵਿਖੇ ਸਥਾਪਿਤ ਫਲੂ ਕਾਰਨਰ ਵਿਖੇ ਸੈਂਪਲ ਇਕੱਤਰ ਕਰ ਲੈਬ ਨੂੰ ਜਾਂਚ ਲਈ ਭੇਜੇ ਜਾ ਰਹੇ ਹਨ। ਫਰੰਟ ਲਾਈਨ ਤੇ ਸੇਵਾਵਾ ਨਿਭਾ ਰਹੇ ਪੁਲਿਸ ਵਿਭਾਗ ਦੇ ਅਧਿਕਾਰੀ-ਕਰਮਚਾਰੀ,ਸਿਹਤ ਵਿਭਾਗ ਦੇ ਸਟਾਫ ਮੈਂਬਰ,ਆਸ਼ਾ ਵਰਕਰ,ਗਰਭਵਤੀ ਔਰਤਾ ਅਤੇ ਹਾਲ ਹੀ ਵਿੱਚ ਬਾਹਰਲੇ ਸੂਬਿਆਂ ਤੋਂ ਆਏ ਵਿਅਕਤੀਆਂ ਦੇ ਸੈਂਪਲ ਇਕੱਤਰ ਕਰਕੇ ਲੈਬ ਵਿੱਚ ਭੇਜੇ ਜਾ ਰਹੇ ਹਨ।

ਡਿਪਟੀ ਕਮਿਸ਼ਨਰ ਫਰੀਦਕੋਟ ਕੁਮਾਰ ਸੌਰਭ ਰਾਜ ਆਈ.ਏ.ਐਸ ਦੀ ਯੋਗ ਅਗਵਾਈ ਹੇਠ ਮਿਸ਼ਨ ਫਤਹਿ ਤਹਿਤ ਜ਼ਿਲੇ ਭਰ ਵਿੱਚ ਕੋਰੋਨਾ ਮਹਾਂਮਾਰੀ ਨੂੰ ਕਾਬੂ ਕਰਨ ਲਈ ਹਰ ਸੰਭਵ ਉਪਰਾਲਾ ਕੀਤਾ ਜਾ ਰਿਹਾ ਹੈ ਜਿਸ ਲਈ ਵੱਖ-ਵੱਖ ਵਿਭਾਗਾਂ ਦੇ ਕਰਮਚਾਰੀਆਂ ਅਤੇ ਅਧਿਕਾਰੀਆਂ ਦੀਆਂ ਟੀਮਾਂ ਤਨਦੇਹੀ ਨਾਲ ਆਪਣੀਆਂ ਸ਼ਾਨਦਾਰ ਸੇਵਾਵਾਂ ਨਿਭਾ ਰਹੀਆਂ ਹਨ ਅਤੇ ਲੋਕਾਂ ਨੂੰ ਕਰੋਨਾ ਮਹਾਂਮਾਰੀ ਸਬੰਧੀ ਜਾਗਰੂਕ ਕਰਨ ਲਈ ਲਗਾਤਾਰ ਕੰਮ ਕਰ ਰਹੀਆਂ ਹਨ।

ਇਸ ਮੌਕੇ ਕੋਵਿਡ-19 ਦੇ ਜ਼ਿਲਾ ਨੋਡਲ ਅਫਸਰ ਡਾ.ਮਨਜੀਤ ਕ੍ਰਿਸ਼ਨ ਭੱਲਾ ਨੇ ਕਿਹਾ ਕਿ ਸਾਰਿਆਂ ਨੂੰ ਸਰਕਾਰ ਦੀਆਂ ਹਦਾਇਤਾਂ ਅਤੇ ਅਡਵਾਇਜ਼ਰੀਆਂ ਨੂੰ ਧਿਆਨ ਵਿੱਚ ਰੱਖ ਕੇ ਇਸ ਦੀ ਪਾਲਣਾ ਨੂੰ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ।ਉਨਾਂ ਕੋਵਿਡ-19 ਮੀਡੀਆ ਅਫਸਰ ਡਾ.ਪ੍ਰਭਦੀਪ ਸਿੰਘ ਚਾਵਲਾ ਨੂੰ ਲੋਕਾਂ ਨੂੰ ਕੋਰੋਨਾ ਸੈਂਪਲਿੰਗ ਪ੍ਰਤੀ ਸੁਚੇਤ ਕਰਨ ਅਤੇ ਉਨਾਂ ਨੂੰ ਸੈਂਪਲ ਪ੍ਰਕਿਰਿਆ ਸਬੰਧੀ ਜਾਗਰੂਕ ਕਰਨ ਸਬੰਧੀ ਹਦਾਇਤ ਕੀਤੀ।ਉਨਾਂ ਕਿਹਾ ਕਿ ਫਰੰਟ ਲਈਨ ਤੇ ਸੇਵਾਵਾਂ ਨਿਭਾ ਰਹੀਆਂ ਆਸ਼ਾ ਵਰਕਰ,ਸਿਹਤ ਵਿਭਾਗ ਦਾ ਸਟਾਫ,ਪੁਲਿਸ ਵਿਭਾਗ ਦੇ ਸਟਾਫ ਮੈਂਬਰਾਂ ਅਤੇ ਗਰਭਵਤੀ ਔਰਤਾਂ ਦੀ ਸਕਰੀਨਿੰਗ ਕਰ ਖੰਘ,ਜ਼ੁਕਾਮ,ਬੁਖਾਰ ਜਾਂ ਫਲੂ ਵਰਗੇ ਲੱਛਣ ਵਾਲਿਆਂ ਦੇ ਸੈਂਪਲ ਇਕੱਤਰ ਕਰਨ ਸਬੰਧੀ ਵੀ ਜ਼ਿਲੇ ਦੇ ਫਲੂ ਕਾਰਨਰ ਦੇ ਇੰਚਾਰਜਾਂ ਨੂੰ ਦਿਸ਼ਾ ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ।ਜਿੰਨਾ ਵਿਅਕਤੀਆਂ ਨੂੰ ਫਲੂ ਦੇ ਲੱਛਣ ਨਾ ਵੀ ਹੋਣ ਜੇ ਉਹ ਕੋਰੋਨਾ ਦਾ ਸ਼ੱਕ ਦੂਰ ਕਰਨਾ ਚਾਹੁੰਦੇ ਹਨ ਤਾਂ ਉਹ ਨੇੜੇ ਦੇ ਫਲੂ ਕਾਰਨਰ ਤੇ ਸੈਂਪਲ ਦੇ ਸਕਦੇ ਹਨ।

ਜ਼ਿਲਾ ਐਪੀਡਿਮੋਲੋਜਿਸਟ ਡਾ.ਵਿਕਰਮਜੀਤ ਸਿੰਘ ਅਤੇ ਅਨੀਤਾ ਚੌਹਾਨ ਨੇ ਦੱਸਿਆ ਕਿ ਜ਼ਿਲੇ ਦੇ ਪਾਜ਼ੀਟਿਵ ਆਏ ਕੇਸਾਂ ਦੇ ਸੰਪਰਕ ਵਿੱਚ ਆਏ ਕਰੀਬ 150 ਵਿਅਕਤੀਆਂ ਦੇ ਸੈਂਪਲ ਵਿਭਾਗ ਦੀ ਟੀਮ ਵੱਲੋਂ ਇਕੱਤਰ ਕੀਤੇ ਜਾ ਚੁੱਕੇ ਹਨ।

ਡਾ.ਰਜਿੰਦਰ ਕੁਮਾਰ,ਸਿਵਲ ਸਰਜਨ ਫਰੀਦਕੋਟ,ਸੈਂਪਲ ਇਕਤਰ ਕਰਦੀ ਸਿਹਤ ਵਿਭਾਗ ਦੀ ਟੀਮ ਮੈਂਬਰ।